**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ**
**ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼:8, ਸਾਅਸ ਨਗਰ**

**(ਪਬਲਿਕ ਨੋਟਿਸ)**

ਮੀਮੋ ਨੰ:: ਟਰਾਂਸਫਰਸੈੱਲ/2024666102/8 ਮਿਤੀ:ਐਸ.ਏ.ਐਸ ਨਗਰ: 31-08-2024

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ:: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ :: SSA/HR/Transfer/ 2020/118750, ਮਿਤੀ 22-05-2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।

2.0 ਵਿਭਾਗ ਦੇ ਮੀਮੋ ਨੰ:: ਟਰਾਂਸਫਰਸੈੱਲ/2024666102/2, ਮਿਤੀ 24-07-2024 ਅਤੇ ਮੀਮੋ ਨੰ:: ਟਰਾਂਸਫਰਸੈੱਲ/2024666102/3, ਮਿਤੀ 06-08-2024 ਰਾਹੀਂ ਜਨਤਕ ਸੂਚਨਾ ਰਾਹੀਂ ਜੋ ਦਰਖਾਸਤਕਰਤਾ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਨ੍ਹਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 10-08-2024 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵੱਲੋਂ ਈਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਹਨ। ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ, ਉਸਦੀ ਤਸਦੀਕ ਡੀਡੀਓ ਵੱਲੋਂ ਮਿਤੀ 12-08-2024 ਤੱਕ ਕੀਤੀ ਗਈ ਸੀ।

3.0 ਜੋ ਅਧਿਆਪਕ ਜਿਲ੍ਹੇ ਦੇ ਅੰਦਰ (Within District) ਅਤੇ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ, ਉਨ੍ਹਾਂ ਦੀ ਬਦਲੀ ਦੇ ਹੁਕਮ ਉਨ੍ਹਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 29-08-2024 ਅਤੇ 31-08-2024 ਨੂੰ ਅਪਲੋਡ ਕਰ ਦਿੱਤੇ ਗਏ ਹਨ।

4.0 ਵਿਭਾਗ ਵੱਲੋਂ ਬਦਲੀਆਂ ਦੇ ਤੀਜੇ ਗੇੜ ਦੌਰਾਨ ਆਪਸੀ (Mutual Transfer) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਆਪਸੀ (Mutual Transfer) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ-ਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ ਮਿਤੀ 01-09-2024 ਤੋਂ 02-09-2024 ਤੱਕ ਆਪਸ਼ਨ ਦੇ ਸਕਦੇ ਹਨ।

5.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

6.0 ਜੇਕਰ ਕਿਸੇ ਅਧਿਆਪਕ ਨੂੰ ਆਪਸੀ ਬਦਲੀ ਲਈ ਆਨਲਾਈਨ ਆਪਸ਼ਨ ਦੇਣ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਬਧ ਹੈ।

ਸਹਾਇਕ ਡਾਇਰੈਕਟਰ (ਅਮਲਾ-1)